ਕਾਂਗਰਸ ਨੇ 'ਲਾਹਨਤ ਪੱਤਰ' ਜਾਰੀ ਕਰ ਕੇ ਪੰਜਾਬ ਸਰਕਾਰ ਨੂੰ ਘੇਰਿਆ, ਕਾਲੀਆਂ ਪੱਟੀਆਂ ਬੰਨ੍ਹ ਕੇ ਕੱਢਿਆ ਰੋਸ ਮਾਰਚ

ਜਲੰਧਰ/ਚੰਡੀਗੜ੍ਹ, 23 ਅਕਤੂਬਰ (ਵਿਸ਼ੇਸ਼, ਅੰਕੁਰ)- ਪੰਜਾਬ ਕਾਂਗਰਸ ਦੇ ਪ੍ਰਦੇਸ਼ ਪ੍ਰਧਾਨ ਪਰਗਟ ਸਿੰਘ, ਵਿਧਾਨ ਸਭਾ 'ਚ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਅਤੇ ਪਾਰਟੀ ਦੇ ਸਾਰੇ ਵਿਧਾਇਕਾਂ ਨੇ ਪੰਜਾਬ ਸਰਕਾਰ ਖ਼ਿਲਾਫ਼ 'ਲਾਹਨਤ ਪੱਤਰ' ਜਾਰੀ ਕਰ ਕੇ ਸਰਕਾਰ ਦੀ ਕਾਰਜਪ੍ਰਣਾਲੀ 'ਤੇ ਸਵਾਲ ਚੁੱਕੇ।

ਕਾਂਗਰਸੀ ਵਿਧਾਇਕਾਂ ਨੇ ਪੱਤਰ ਜਾਰੀ ਕਰਨ ਤੋਂ ਬਾਅਦ ਕਾਲੀਆਂ ਪੱਟੀਆਂ ਬੰਨ੍ਹ ਕੇ ਰੋਸ ਮਾਰਚ ਵੀ ਕੱਢਿਆ। ਪਾਰਟੀ ਨੇ ਸਰਕਾਰ ਨੂੰ ਚੋਣਾਂ ਦੌਰਾਨ ਜਨਤਾ ਨਾਲ ਕੀਤੇ ਗਏ ਵਾਅਦਿਆਂ ਦੀ ਸਥਿਤੀ ਸਪੱਸ਼ਟ ਕਰਨ ਦੀ ਮੰਗ ਕੀਤੀ। ਕਾਂਗਰਸ ਦੇ ਇਸ ਪੱਤਰ 'ਚ ਸ਼ਰਾਬ ਅਤੇ ਬੈਵਰੇਜ ਨੀਤੀ ਨਾਲ ਜੁੜੇ ਮਾਮਲਿਆਂ ਨੂੰ ਮੁੱਖ ਤੌਰ 'ਤੇ ਚੁੱਕਿਆ ਗਿਆ। ਪਾਰਟੀ ਨੇ ਬੈਵਰੇਜ ਕੰਪਨੀਆਂ 'ਚ ਕਥਿਤ ਬੇਨਿਯਮੀਆਂ ਦੀ ਜਾਂਚ ਅਤੇ ਸ਼ਰਾਬ ਕਾਰੋਬਾਰ 'ਚ ਪਾਰਦਰਸ਼ਤਾ ਨੂੰ ਲੈ ਕੇ ਸਰਕਾਰ ਤੋਂ ਜਵਾਬ ਮੰਗਿਆ।

ਨਸ਼ੇ ਦੀ ਸਮੱਸਿਆ 'ਤੇ ਕਾਂਗਰਸ ਨੇ ਸਵਾਲ ਕੀਤਾ ਕਿ ਸਰਕਾਰ ਦੇ ਦਾਅਵਿਆਂ ਦੇ ਬਾਵਜੂਦ ਸੂਬੇ 'ਚ ਨਸ਼ੇ ਦੀ ਸਮੱਸਿਆ ਕਿਉਂ ਬਣੀ ਹੋਈ ਹੈ। ਪਾਰਟੀ ਨੇ ਨਸ਼ਾ ਸਮੱਗਲਿੰਗ 'ਤੇ ਰੋਕ ਲਾਉਣ ਅਤੇ ਯੂਥ ਨੂੰ ਨਸ਼ੇ ਤੋਂ ਬਚਾਉਣ ਲਈ ਚੁੱਕੇ ਗਏ ਕਦਮਾਂ ਦਾ ਵੇਰਵਾ ਮੰਗਿਆ। ਕਾਂਗਰਸ ਨੇ ਪੰਜਾਬ 'ਤੇ 5 ਲੱਖ ਕਰੋੜ ਰੁਪਏ ਤੋਂ ਵੱਧ ਦਾ ਕਰਜ਼ਾ ਹੋਣ ਦਾ ਦਾਅਵਾ ਕਰਦਿਆਂ ਸੂਬੇ ਦੀ ਵਿੱਤੀ ਸਥਿਤੀ ਅਤੇ ਸਰਕਾਰੀ ਖ਼ਰਚੇ 'ਤੇ ਸਵਾਲ ਚੁੱਕੇ।

ਪੱਤਰ 'ਚ ਗੈਰ-ਕਾਨੂੰਨੀ ਮਾਈਨਿੰਗ ਅਤੇ ਕਥਿਤ ਮਾਈਨਿੰਗ ਮਾਫੀਆ ਦਾ ਮੁੱਦਾ ਚੁੱਕਦਿਆਂ ਕਾਂਗਰਸ ਨੇ ਪੁੱਛਿਆ ਕਿ ਗੈਰ-ਕਾਨੂੰਨੀ ਮਾਈਨਿੰਗ ਰੋਕਣ ਅਤੇ ਸਰਕਾਰੀ ਮਾਲੀਆ ਵਧਾਉਣ ਲਈ ਸਰਕਾਰ ਨੇ ਕੀ ਕਦਮ ਚੁੱਕੇ ਹਨ। ਪਾਰਟੀ ਨੇ ਮਾਈਨਿੰਗ ਨੀਤੀ ਦੇ ਅਮਲ ਅਤੇ ਉਸ ਤੋਂ ਹੋਣ ਵਾਲੀ ਆਮਦਨ ਦਾ ਵੇਰਵਾ ਦੇਣ ਦੀ ਮੰਗ ਕੀਤੀ। ਕਾਂਗਰਸ ਨੇ ਕਿਸਾਨਾਂ ਨੂੰ ਉਨ੍ਹਾਂ ਦੀ ਉਪਜ ਦਾ ਵਾਜਿਬ ਮੁੱਲ ਅਤੇ ਸਮੇਂ 'ਤੇ ਭੁਗਤਾਨ ਨਿਸ਼ਚਿਤ ਕਰਨ ਦੀ ਮੰਗ ਕੀਤੀ। ਸ਼ੰਭੂ ਬਾਰਡਰ 'ਤੇ ਰਸਤੇ ਬੰਦ ਹੋਣ ਨਾਲ ਜੁੜੇ ਮੁੱਦਿਆਂ, ਕਿਸਾਨਾਂ ਦੀਆਂ ਮੰਗਾਂ ਅਤੇ ਖੇਤੀਬਾੜੀ ਖੇਤਰ ਲਈ ਕੀਤੇ ਗਏ ਵਾਅਦਿਆਂ 'ਤੇ ਵੀ ਸਰਕਾਰ ਤੋਂ ਜਵਾਬ ਮੰਗਿਆ ਗਿਆ।

ਪੱਤਰ 'ਚ ਕਣਕ ਦੀ ਖਰੀਦ ਦੌਰਾਨ ਕਿਸਾਨਾਂ ਨੂੰ 3,600 ਰੁਪਏ ਪ੍ਰਤੀ ਏਕੜ ਦੇਣ ਅਤੇ 180 ਲੱਖ ਮੀਟ੍ਰਿਕ ਟਨ ਕਣਕ ਦੀ ਖਰੀਦ 'ਤੇ 200 ਰੁਪਏ ਪ੍ਰਤੀ ਕੁਇੰਟਲ ਵਾਧੂ ਭੁਗਤਾਨ ਦੇ ਵਾਅਦੇ ਦਾ ਵੀ ਜ਼ਿਕਰ ਕੀਤਾ ਗਿਆ। ਕਾਂਗਰਸ ਨੇ ਔਰਤਾਂ ਨੂੰ ਵਿੱਤੀ ਸਹਾਇਤਾ ਦੇਣ ਦੇ ਚੋਣ ਵਾਅਦੇ ਦਾ ਮੁੱਦਾ ਚੁੱਕਦਿਆਂ ਪੁੱਛਿਆ ਕਿ ਇਸ ਨੂੰ ਪੂਰੀ ਤਰ੍ਹਾਂ ਲਾਗੂ ਕਰਨ 'ਚ ਦੇਰੀ ਕਿਉਂ ਹੋ ਰਹੀ ਹੈ।

ਪੰਜਾਬ ਸਰਕਾਰ ਨੂੰ ਭੇਜੇ ਗਏ 'ਲਾਹਨਤ ਪੱਤਰ' ਨੂੰ ਲੈ ਕੇ ਰੋਸ-ਮਾਰਚ ਕੱਢਦੇ ਪਰਗਟ ਸਿੰਘ, ਪ੍ਰਤਾਪ ਸਿੰਘ ਬਾਜਵਾ ਅਤੇ ਹੋਰ ਕਾਂਗਰਸੀ ਵਿਧਾਇਕ।

ਨਸ਼ਾ ਸਮੱਗਲਿੰਗ 'ਤੇ ਸ਼ਿਕੰਜਾ ਕੱਸਣ ਲਈ ਆਈ. ਜੀ. ਰੈਂਕ ਦੇ ਅਧਿਕਾਰੀਆਂ ਨੂੰ ਵਿਸ਼ੇਸ਼ ਅਧਿਕਾਰ

ਸ਼ੱਕ ਦੇ ਆਧਾਰ 'ਤੇ ਸਮੱਗਲਰਾਂ ਨੂੰ ਹਿਰਾਸਤ 'ਚ ਲੈਣ ਦੇ ਹੁਕਮ ਜਾਰੀ

ਜਲੰਧਰ/ਚੰਡੀਗੜ੍ਹ, 23 ਅਕਤੂਬਰ (ਧਵਨ, ਅੰਕੁਰ)-ਪੰਜਾਬ ਸਰਕਾਰ ਨੇ ਸੂਬੇ 'ਚ ਨਸ਼ਾ ਸਮੱਗਲਿੰਗ ਦੇ ਨੈੱਟਵਰਕ ਨੂੰ ਤੋੜਨ ਲਈ ਆਈ. ਜੀ. ਰੈਂਕ ਦੇ ਅਧਿਕਾਰੀਆਂ ਨੂੰ ਵਿਸ਼ੇਸ਼ ਅਧਿਕਾਰ ਦਿੱਤੇ ਹਨ। ਇਸ ਤਹਿਤ ਜਾਰੀ ਨੋਟੀਫਿਕੇਸ਼ਨ ਅਨੁਸਾਰ, ਨਿਰਧਾਰਿਤ ਕਾਨੂੰਨੀ ਪ੍ਰਬੰਧਾਂ ਤਹਿਤ ਸ਼ੱਕ ਦੇ ਆਧਾਰ 'ਤੇ ਨਸ਼ਾ ਸਮੱਗਲਰਾਂ ਨੂੰ ਹਿਰਾਸਤ 'ਚ ਲੈਣ ਦੀ ਕਾਰਵਾਈ ਕੀਤੀ ਜਾ ਸਕੇਗੀ। ਪੰਜਾਬ ਪੁਲਸ ਦੇ ਡਾਇਰੈਕਟਰ ਜਨਰਲ ਗੌਰਵ ਯਾਦਵ ਨੇ ਇਸ ਦੀ ਪੁਸ਼ਟੀ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਇਸ ਸਬੰਧ 'ਚ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ। ਜਿਨ੍ਹਾਂ ਸਥਾਨਾਂ 'ਤੇ ਆਈ. ਜੀ. ਰੈਂਕ ਦੇ ਅਧਿਕਾਰੀ ਮੌਜੂਦ ਨਹੀਂ ਹੋਣਗੇ, ਉੱਥੇ 6 ਆਈ. ਪੀ. ਐੱਸ. ਅਧਿਕਾਰੀਆਂ ਨੂੰ ਇਹ ਵਿਸ਼ੇਸ਼ ਅਧਿਕਾਰ ਦਿੱਤੇ ਗਏ ਹਨ। ਇਨ੍ਹਾਂ 'ਚ ਏ. ਐੱਸ. ਰਾਏ, ਗੌਤਮ ਚੀਮਾ, ਕੌਸ਼ਤੁਭ ਸ਼ਰਮਾ, ਸ਼ਿਵ ਵਰਮਾ, ਨੌਨਿਹਾਲ ਸਿੰਘ ਅਤੇ ਐੱਸ. ਭੂਪਤੀ ਸ਼ਾਮਲ ਹਨ।

ਸੂਬੇ 'ਚ ਨਸ਼ਾ ਸਮੱਗਲਿੰਗ ਦੇ ਨੈੱਟਵਰਕ ਨੂੰ ਤੋੜਨਾ ਸਰਕਾਰ ਲਈ ਵੱਡੀ ਚੁਣੌਤੀ ਬਣਿਆ ਹੋਇਆ ਹੈ। ਪੁਲਸ ਅਨੁਸਾਰ, ਦੂਜੇ ਸੂਬਿਆਂ ਤੋਂ ਅਜਿਹੀਆਂ ਦਵਾਈਆਂ ਦੀ ਸਪਲਾਈ ਵੀ ਹੋ ਰਹੀ ਹੈ, ਜਿਨ੍ਹਾਂ ਦੀ ਵਰਤੋਂ ਨਸ਼ੇ ਦੇ ਰੂਪ 'ਚ ਕੀਤੀ ਜਾਂਦੀ ਹੈ। ਇਸ ਨੂੰ ਵੇਖਦਿਆਂ ਪੰਜਾਬ ਦੇ ਡੀ. ਜੀ. ਪੀ. ਪਹਿਲਾਂ ਹੀ ਕੁਝ ਸੂਬਿਆਂ ਦੇ ਪੁਲਸ ਮੁਖੀਆਂ ਨੂੰ ਪੱਤਰ ਲਿਖ ਕੇ ਦਵਾਈਆਂ ਦੀ ਸਪਲਾਈ 'ਤੇ ਨਿਗਰਾਨੀ ਰੱਖਣ ਦੀ ਬੇਨਤੀ ਕਰ ਚੁੱਕੇ ਹਨ। ਪੰਜਾਬ 'ਚ ਵਿਧਾਨ ਸਭਾ ਚੋਣਾਂ ਨੂੰ ਵੇਖਦਿਆਂ ਨਸ਼ੇ ਦਾ ਮੁੱਦਾ ਵੀ ਚਰਚਾ 'ਚ ਹੈ।

ਫਾਰਮਾ ਡਰੱਗਜ਼ ਦੇ ਕਾਰੋਬਾਰ ਨੂੰ ਲੈ ਕੇ ਮਾਨਸਾ 'ਚ ਪਰਵਿੰਦਰ ਸਿੰਘ ਝੋਟਾ ਦੀ ਗੋਲੀ ਮਾਰ ਕੇ ਹੱਤਿਆ ਕੀਤੇ ਜਾਣ ਦੀ ਘਟਨਾ ਨੇ ਵੀ ਇਸ ਮੁੱਦੇ ਨੂੰ ਗੰਭੀਰ ਬਣਾ ਦਿੱਤਾ ਸੀ। ਡੀ. ਜੀ. ਪੀ. ਗੌਰਵ ਯਾਦਵ ਨੇ ਕਿਹਾ ਕਿ ਨਸ਼ੇ ਦੇ ਖ਼ਿਲਾਫ਼ ਮੁਹਿੰਮ 'ਚ ਪੰਜਾਬ ਪੁਲਸ ਨੂੰ ਹਾਲ ਹੀ ਦੇ ਸਮੇਂ 'ਚ ਕਈ ਸਫ਼ਲਤਾਵਾਂ ਮਿਲੀਆਂ ਹਨ। ਉਨ੍ਹਾਂ ਕਿਹਾ ਕਿ ਨਸ਼ਾ ਸਮੱਗਲਿੰਗ ਦਾ ਨੈੱਟਵਰਕ ਕੇਵਲ ਪੰਜਾਬ ਤੱਕ ਸੀਮਤ ਨਹੀਂ ਹੈ, ਸਗੋਂ ਇਸ ਦੇ ਤਾਰ ਦੂਜੇ ਰਾਜਾਂ ਨਾਲ ਵੀ ਜੁੜੇ ਹੋਏ ਹਨ; ਇਸ ਲਈ ਪੰਜਾਬ 'ਚ ਆਉਣ ਵਾਲੀ ਫਾਰਮਾ ਡਰੱਗਜ਼ ਦੀ ਸਪਲਾਈ ਰੋਕਣਾ ਬਹੁਤ ਜ਼ਰੂਰੀ ਹੈ।

ਵਿਜੀਲੈਂਸ ਵੱਲੋਂ 50 ਹਜ਼ਾਰ ਰੁਪਏ ਦੀ ਰਿਸ਼ਵਤ ਲੈਂਦਿਆਂ ਵੂਮੈਨ ਸੈੱਲ ਮੋਹਾਲੀ 'ਚ ਤਾਇਨਾਤ ਮਹਿਲਾ ਥਾਣੇਦਾਰ ਸਣੇ 2 ਗ੍ਰਿਫ਼ਤਾਰ

ਜਬਰ-ਜ਼ਨਾਹ ਕੇਸ 'ਚ ਰਾਜ਼ੀਨਾਮਾ ਕਰਵਾਉਣ ਲਈ ਮੰਗੀ ਸੀ 60 ਲੱਖ ਰਿਸ਼ਵਤ

ਮੋਹਾਲੀ, 23 ਅਕਤੂਬਰ (ਜੱਸੀ)- ਮੋਹਾਲੀ ਵਿਜੀਲੈਂਸ ਵੱਲੋਂ ਵੂਮੈਨ ਸੈੱਲ (ਮੋਹਾਲੀ) 'ਚ ਤਾਇਨਾਤ ਏ. ਐੱਸ. ਆਈ. ਲਖਵਿੰਦਰ ਕੌਰ ਤੇ ਇਕ ਪ੍ਰਾਈਵੇਟ ਔਰਤ (ਪਰਚਾ ਦਰਜ ਕਰਵਾਉਣ ਵਾਲੀ ਮਹਿਲਾ) ਨੂੰ 50 ਲੱਖ ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸ ਸਬੰਧੀ ਸ਼ਿਕਾਇਤਕਰਤਾ ਵਿਕਰਮ ਸਿੰਘ ਨੇ ਵਿਜੀਲੈਂਸ ਨੂੰ ਦਿੱਤੀ ਸ਼ਿਕਾਇਤ 'ਚ ਦੱਸਿਆ ਕਿ ਉਹ ਕਾਰਪੈਂਟਰ ਦਾ ਕੰਮ ਕਰਦਾ ਹੈ ਤੇ ਉਸ ਦਾ ਦੋਸਤ ਸਿਪਾਹੀ ਭੁਪਿੰਦਰ ਕੁਮਾਰ ਜੋ ਕਿ ਏਅਰਪੋਰਟ ਹਲਵਾਰਾ, ਲੁਧਿਆਣਾ ਵਿਖੇ ਤਾਇਨਾਤ ਹੈ।

ਭੁਪਿੰਦਰ ਕੁਮਾਰ ਦੀ ਦੋਸਤੀ ਇਕ ਔਰਤ ਨਾਲ ਸੀ। 2024 'ਚ ਦੋਵਾਂ 'ਚ ਅਣਬਣ ਹੋ ਗਈ ਤੇ ਉਕਤ ਔਰਤ ਨੇ ਭੁਪਿੰਦਰ ਕੁਮਾਰ ਖ਼ਿਲਾਫ਼ ਪੁਲਸ ਕੋਲ ਸ਼ਿਕਾਇਤ ਦਰਜ ਕਰਵਾ ਦਿੱਤੀ ਤੇ ਉਕਤ ਔਰਤ ਨੇ ਜ਼ੁਬਾਨੀ ਤੌਰ 'ਤੇ 10 ਲੱਖ ਰੁਪਏ ਲੈ ਕੇ ਰਾਜ਼ੀਨਾਮਾ ਕਰ ਲਿਆ। ਸ਼ਿਕਾਇਤਕਰਤਾ ਮੁਤਾਬਕ ਉਸ ਨੇ 2 ਸਤੰਬਰ ਨੂੰ ਭੁਪਿੰਦਰ ਕੁਮਾਰ ਨੂੰ ਫੋਨ ਕੀਤਾ ਤਾਂ ਉਸ ਨੇ ਕਿਹਾ ਕਿ ਉਕਤ ਔਰਤ ਨੇ ਉਸ ਖ਼ਿਲਾਫ਼ ਜਬਰ-ਜ਼ਨਾਹ ਦਾ ਪਰਚਾ ਦਰਜ ਕਰਵਾ ਦਿੱਤਾ ਹੈ, ਜਿਸ ਸਬੰਧੀ ਵੂਮੈਨ ਸੈੱਲ ਮੋਹਾਲੀ ਦੀ ਪੁਲਸ ਉਸ ਨੂੰ ਗ੍ਰਿਫ਼ਤਾਰ ਕਰਨ ਲਈ ਏਅਰਪੋਰਟ ਹਲਵਾਰਾ ਵਿਖੇ ਆਈ ਹੈ।

ਵਿਜੀਲੈਂਸ ਟੀਮ ਨਾਲ ਗ੍ਰਿਫ਼ਤਾਰ ਦੋਵੇਂ ਮਹਿਲਾ ਮੁਲਜ਼ਮ। (ਮੋਹਿਤ)

ਉਸ ਤੋਂ ਬਾਅਦ ਉਹ ਉਸੇ ਦਿਨ ਸ਼ਾਮ ਨੂੰ ਵੂਮੈਨ ਸੈੱਲ ਮੋਹਾਲੀ ਆਇਆ ਤੇ ਉਸ ਨੂੰ ਪਤਾ ਲੱਗਾ ਕਿ ਉਸ ਦੇ ਦੋਸਤ ਭੁਪਿੰਦਰ ਕੁਮਾਰ ਦਾ ਕੇਸ ਏ. ਐੱਸ. ਆਈ. ਲਖਵਿੰਦਰ ਕੌਰ ਕੋਲ ਹੈ ਤਾਂ ਉਹ ਲਖਵਿੰਦਰ ਕੌਰ ਨੂੰ ਮਿਲਿਆ। ਲਖਵਿੰਦਰ ਕੌਰ ਨੇ ਕਿਹਾ ਕਿ ਉਕਤ ਪੀੜਤ ਔਰਤ ਦਾ ਕਹਿਣਾ ਹੈ ਕਿ ਜੇਕਰ ਭੁਪਿੰਦਰ ਉਸ ਨੂੰ 60 ਲੱਖ ਰੁਪਏ ਦੇ ਦੇਵੇ ਤਾਂ ਉਹ ਕੇਸ ਵਾਪਸ ਲੈ ਲਵੇਗੀ। ਲਖਵਿੰਦਰ ਕੌਰ ਨੇ ਅੱਗੇ ਕਿਹਾ ਕਿ ਜੇਕਰ ਉਸ ਨੂੰ ਉਹ 50 ਹਜ਼ਾਰ ਰੁਪਏ ਦੇ ਦੇਣਗੇ ਤਾਂ ਉਹ ਭੁਪਿੰਦਰ ਕੁਮਾਰ ਦਾ ਉਕਤ ਔਰਤ ਨਾਲ ਸਮਝੌਤਾ ਕਰਵਾ ਦੇਵੇਗੀ ਤੇ ਭੁਪਿੰਦਰ ਕੁਮਾਰ ਦਾ ਚਲਾਨ ਪੇਸ਼ ਕਰਨ ਸਮੇਂ ਉਸ 'ਚ ਵੀ ਕਮੀ ਪੇਸ਼ੀ ਛੱਡ ਦੇਵੇਗੀ, ਜਿਸ ਕਰਕੇ ਭੁਪਿੰਦਰ ਦੀ ਜ਼ਮਾਨਤ ਜਲਦੀ ਹੋ ਜਾਵੇਗੀ। ਸ਼ਿਕਾਇਤਕਰਤਾ ਨੇ ਉਕਤ ਸਾਰੀ ਗੱਲਬਾਤ ਦੀ ਰਿਕਾਰਡਿੰਗ ਫੋਨ 'ਚ ਕਰ ਲਈ।

ਵਿਜੀਲੈਂਸ ਦੇ ਡੀ. ਐੱਸ. ਪੀ. ਨਵਦੀਪ ਸਿੰਘ ਦੀ ਅਗਵਾਈ ਵਾਲੀ ਟੀਮ ਨੇ ਜਾਲ ਵਿਛਾਇਆ ਤੇ ਏ. ਐੱਸ. ਆਈ. ਲਖਵਿੰਦਰ ਕੌਰ ਤੇ ਉਕਤ ਔਰਤ ਨੂੰ ਸਰਕਾਰੀ ਗਵਾਹਾਂ ਦੀ ਹਾਜ਼ਰੀ 'ਚ 50 ਹਜ਼ਾਰ ਰੁਪਏ ਦੀ ਰਿਸ਼ਵਤ ਸਮੇਤ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ। ਵਿਜੀਲੈਂਸ ਮੁਤਾਬਕ ਸ਼ਨੀਵਾਰ ਦੋਵਾਂ ਮੁਲਜ਼ਮਾਂ ਨੂੰ ਅਦਾਲਤ 'ਚ ਪੇਸ਼ ਕੀਤਾ ਜਾਵੇਗਾ।

ਨਸ਼ਿਆਂ ਖ਼ਿਲਾਫ਼ ਆਵਾਜ਼ ਚੁੱਕਣ ਵਾਲੇ ਭਾਜਪਾ ਆਗੂ 'ਤੇ ਦਰਜ ਕੇਸ ਤੁਰੰਤ ਵਾਪਸ ਹੋਵੇ : ਵਿਜੇ ਸਾਂਪਲਾ

ਜਲੰਧਰ, 23 ਅਕਤੂਬਰ (ਸ. ਹ.)-ਪੰਜਾਬ ਭਾਜਪਾ ਦੇ ਸਾਬਕਾ ਪ੍ਰਦੇਸ਼ ਪ੍ਰਧਾਨ ਵਿਜੇ ਸਾਂਪਲਾ ਨੇ ਭਾਦਸੋਂ 'ਚ ਭਾਜਪਾ ਆਗੂ ਬਰਿੰਦਰ ਕੁਮਾਰ ਬਿੱਟੂ ਅਤੇ ਉਨ੍ਹਾਂ ਦੇ ਸਾਥੀਆਂ ਖ਼ਿਲਾਫ਼ ਦਰਜ ਮਾਮਲੇ ਨੂੰ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਨਸ਼ਿਆਂ ਖ਼ਿਲਾਫ਼ ਆਵਾਜ਼ ਚੁੱਕਣ 'ਤੇ ਭਾਜਪਾ ਆਗੂਆਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਸਾਂਪਲਾ ਨੇ ਮਾਮਲੇ ਦੀ ਨਿਰਪੱਖ ਜਾਂਚ ਕਰਾਉਣ ਦੀ ਵੀ ਮੰਗ ਕੀਤੀ।

ਵਿਜੇ ਸਾਂਪਲਾ ਨੇ ਕਿਹਾ ਕਿ ਭਾਦਸੋਂ 'ਚ ਆਮ ਆਦਮੀ ਪਾਰਟੀ ਦੇ ਆਗੂ ਮਾਮਦੀਨ ਖਾਨ ਦੀ ਦੁਕਾਨ ਤੋਂ ਨਸ਼ੀਲੀਆਂ ਦਵਾਈਆਂ ਬਰਾਮਦ ਕਰਵਾਉਣ ਦੇ ਮਾਮਲੇ 'ਚ ਭਾਜਪਾ ਕਰਮਚਾਰੀਆਂ ਨੇ ਲੋਕਤੰਤਰਿਕ ਤਰੀਕੇ ਨਾਲ ਵਿਰੋਧ ਜਤਾਇਆ ਸੀ। ਉਨ੍ਹਾਂ ਦੋਸ਼ ਲਾਇਆ ਕਿ 'ਆਪ' ਆਗੂ ਨੂੰ ਤੁਰੰਤ ਜ਼ਮਾਨਤ ਮਿਲ ਗਈ, ਜਦਕਿ ਬਰਿੰਦਰ ਬਿੱਟੂ ਅਤੇ ਉਨ੍ਹਾਂ ਦੇ ਸਾਥੀਆਂ ਦੇ ਖ਼ਿਲਾਫ਼ ਬਦਲੇ ਦੀ ਭਾਵਨਾ ਨਾਲ ਮਾਮਲਾ ਦਰਜ ਕੀਤਾ ਗਿਆ।

ਉਨ੍ਹਾਂ ਕਿਹਾ ਕਿ ਇਸ ਮਾਮਲੇ ਨੂੰ ਲੈ ਕੇ ਭਾਜਪਾ ਸਮਰਥਕਾਂ ਵੱਲੋਂ ਕੱਢਿਆ ਗਿਆ ਰੋਸ ਮਾਰਚ ਨਸ਼ੇ ਦੀ ਸਮੱਸਿਆ ਪ੍ਰਤੀ ਲੋਕਾਂ ਦੀ ਚਿੰਤਾ ਨੂੰ ਦਰਸਾਉਂਦਾ ਹੈ। ਸਾਂਪਲਾ ਨੇ ਮੰਗ ਕੀਤੀ ਕਿ ਬਰਿੰਦਰ ਬਿੱਟੂ ਅਤੇ ਉਨ੍ਹਾਂ ਦੇ ਸਾਥੀਆਂ ਦੇ ਖ਼ਿਲਾਫ਼ ਦਰਜ ਐੱਫ. ਆਈ. ਆਰ. ਦੀ ਨਿਰਪੱਖ ਸਮੀਖਿਆ ਕੀਤੀ ਜਾਵੇ ਅਤੇ ਪਾਬੰਦੀਸ਼ੁਦਾ ਕੈਪਸੂਲਾਂ ਦੀ ਕਥਿਤ ਬਰਾਮਦਗੀ ਨਾਲ ਜੁੜੇ ਮਾਮਲੇ ਦੀ ਪਾਰਦਰਸ਼ੀ ਜਾਂਚ ਹੋਵੇ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਮਾਮਲਾ ਤੁਰੰਤ ਵਾਪਸ ਨਾ ਲਿਆ ਗਿਆ, ਤਾਂ ਭਾਜਪਾ ਇਸ ਮੁੱਦੇ 'ਤੇ ਵੱਡਾ ਅੰਦੋਲਨ ਸ਼ੁਰੂ ਕਰੇਗੀ।

ਐੱਸ. ਆਈ. ਆਰ. ਦੀ ਨਿਰਪੱਖ ਜਾਂਚ ਹੋਵੇ, ਮੁੱਖ ਚੋਣ ਕਮਿਸ਼ਨਰ ਅਸਤੀਫ਼ਾ ਦੇਣ : ਮਨਪ੍ਰੀਤ ਇਯਾਲੀ

ਚੰਡੀਗੜ੍ਹ, 23 ਅਕਤੂਬਰ (ਅੰਕੁਰ)-ਪੰਜਾਬ ਵਿਧਾਨ ਸਭਾ 'ਚ ਐੱਸ. ਆਈ. ਆਰ. ਪ੍ਰਕਿਰਿਆ ਤੇ ਵੋਟਰ ਸੂਚੀਆਂ 'ਚੋਂ ਵੋਟਾਂ ਕੱਟੇ ਜਾਣ ਦੇ ਮੁੱਦੇ 'ਤੇ ਪੇਸ਼ ਮਤੇ ਦੇ ਹੱਕ 'ਚ ਬੋਲਦਿਆਂ ਵਿਧਾਇਕ ਮਨਪ੍ਰੀਤ ਸਿੰਘ ਇਯਾਲੀ ਨੇ ਮਾਮਲੇ ਦੀ ਨਿਰਪੱਖ ਜਾਂਚ ਕਰਵਾਉਣ ਤੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਕੀਤੀ।

ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ ਦੀ ਕਾਰਗੁਜ਼ਾਰੀ ਪਾਰਦਰਸ਼ੀ ਹੋਣੀ ਚਾਹੀਦੀ ਹੈ, ਤਾਂ ਜੋ ਯੋਗ ਵੋਟਰਾਂ ਦੇ ਅਧਿਕਾਰਾਂ ਦੀ ਰਾਖੀ ਹੋ ਸਕੇ। ਇਯਾਲੀ ਨੇ ਦੋਸ਼ ਲਾਇਆ ਕਿ ਵੋਟਰ ਸੂਚੀਆਂ 'ਚੋਂ ਵੋਟਾਂ ਕੱਟਣ ਦੀ ਪ੍ਰਕਿਰਿਆ ਰਾਹੀਂ ਕੇਂਦਰ ਸਰਕਾਰ ਨੂੰ ਫ਼ਾਇਦਾ ਪਹੁੰਚਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਐੱਸ. ਆਈ. ਆਰ. ਨਾਲ ਜੁੜੇ ਵਿਵਾਦਾਂ ਦੀ ਜਾਂਚ ਕਰ ਕੇ ਸੱਚਾਈ ਲੋਕਾਂ ਸਾਹਮਣੇ ਲਿਆਂਦੀ ਜਾਣੀ ਚਾਹੀਦੀ ਹੈ।

ਵਿਧਾਇਕ ਨੇ ਸਦਨ 'ਚ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਰਜਿਸਟ੍ਰੇਸ਼ਨ ਤੇ ਚੋਣ ਨਿਸ਼ਾਨ ਅਲਾਟ ਕਰਨ ਦਾ ਮੁੱਦਾ ਵੀ ਚੁੱਕਿਆ। ਉਨ੍ਹਾਂ ਦਾਅਵਾ ਕੀਤਾ ਕਿ ਪਾਰਟੀ ਦੇ ਦੋ ਸੰਸਦ ਮੈਂਬਰ ਹੋਣ ਦੇ ਬਾਵਜੂਦ ਰਜਿਸਟ੍ਰੇਸ਼ਨ ਦੀ ਪ੍ਰਕਿਰਿਆ ਪੂਰੀ ਨਹੀਂ ਹੋਈ, ਜਦਕਿ ਲੋੜੀਂਦੀਆਂ ਕਾਰਵਾਈਆਂ ਮੁਕੰਮਲ ਕੀਤੀਆਂ ਜਾ ਚੁੱਕੀਆਂ ਹਨ। ਉਨ੍ਹਾਂ ਮੰਗ ਕੀਤੀ ਕਿ ਪਾਰਟੀ ਨੂੰ ਜਲਦੀ ਰਜਿਸਟਰ ਕਰਕੇ ਚੋਣ ਨਿਸ਼ਾਨ ਦਿੱਤਾ ਜਾਵੇ।

ਇਯਾਲੀ ਨੇ ਦੱਸਿਆ ਕਿ ਇਸ ਮਾਮਲੇ ਸਬੰਧੀ ਪਾਰਟੀ ਦਾ ਵਫ਼ਦ ਆਉਣ ਵਾਲੇ ਦਿਨਾਂ 'ਚ ਮੁੱਖ ਚੋਣ ਕਮਿਸ਼ਨਰ ਨੂੰ ਮਿਲੇਗਾ। ਉਨ੍ਹਾਂ ਕਿਹਾ ਕਿ ਲੋੜ ਪੈਣ 'ਤੇ ਪਾਰਟੀ ਆਪਣੇ ਹੱਕਾਂ ਲਈ ਦਿੱਲੀ 'ਚ ਰੋਸ ਪ੍ਰਦਰਸ਼ਨ ਵੀ ਕਰੇਗੀ।

ਰਵਨੀਤ ਬਿੱਟੂ ਦਾ 'ਆਪ' ਅਤੇ ਕਾਂਗਰਸ 'ਤੇ ਤਿੱਖਾ ਹਮਲਾ; ਪੰਜਾਬ ਵਿਧਾਨ ਸਭਾ '